# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :15-02-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੜਕ ਹਾਦਸੇ ਦੇ ਪੀੜਤਾਂ ਨੂੰ ਹਸਪਤਾਲ ਵਿੱਚ ਦਾਖਲ ਕਰਾਉਣ ਅਤੇ ਉਨ੍ਹਾਂ ਨੂੰ ਇਲਾਜ ਦੀ ਗਰੰਟੀ ਦੇਣ ਲਈ, ਪ੍ਰਧਾਨ ਮੰਤਰੀ ਰਾਹਤ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਏ । ਇਸ ਯੋਜਨਾ ਤਹਿਤ, ਕਿਸੇ ਵੀ ਤਰ੍ਹਾਂ ਦੇ ਸੜਕ ਹਾਦਸੇ ਦੀ ਸਥਿਤੀ ਵਿੱਚ, ਸਰਕਾਰ ਸੱਤ ਦਿਨਾਂ ਲਈ ਡੇਢ ਲੱਖ ਰੁਪਏ ਤੱਕ ਦੇ ਨਕਦ ਰਹਿਤ ਇਲਾਜ ਦਾ ਖਰਚ ਚੁੱਕੇਗੀ। ਸੜਕ ਆਵਾਜਾਈ ਅਤੇ ਸ਼ਾਹਰਾਹ ਮੰਤਰਾਲੇ ਮੁਤਾਬਕ, ਇਹ ਯੋਜਨਾ ਇਹ ਯਕੀਨੀ ਬਣਾਏਗੀ ਕਿ ਸੜਕ ਹਾਦਸੇ ਤੋਂ ਬਾਅਦ, ਤੁਰੰਤ ਇਲਾਜ ਨਾ ਮਿਲਣ ਕਾਰਨ, ਕਿਸੇ ਨੂੰ ਵੀ ਆਪਣੀ ਜਾਨ ਨਾ ਗੁਆਵਣੀ ਪਵੇ । ਮੰਤਰਾਲੇ ਮੁਤਾਬਕ, ਸਰਕਾਰ ਹਸਪਤਾਲਾਂ ਨੂੰ ਮੋਟਰ ਵਾਹਨ ਦੁਰਘਟਨਾ ਫੰਡ ਵਿੱਚੋਂ ਅਦਾਇਗੀ ਕਰੇਗੀ। ਦੇਸ਼ ਵਿੱਚ ਹਰ ਸਾਲ, ਸੜਕ ਹਾਦਸਿਆਂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਦੀ ਮੌਤ ਤੁਰੰਤ ਇਲਾਜ ਨਾ ਮਿਲਣ ਕਾਰਨ ਹੋ ਜਾਂਦੀ ਏ।

NSD

------------------------------------------------------------------------
ਅੱਜ ਦੇਸ਼ ਭਰ ਵਿੱਚ ਮਹਾਸ਼ਿਵਰਾਤਰੀ ਦਾ ਤਿਉਹਾਰ ਸ਼ਰਧਾ ਅਤੇ ਅਧਿਆਤਮਿਕ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਭਗਵਾਨ ਸ਼ਿਵ ਦੇ ਭਗਤਾਂ ਲਈ ਸਭ ਤੋਂ ਪਵਿੱਤਰ ਦਿਨ ਮੰਨਿਆ ਜਾਂਦਾ ਏ, ਇਸ ਦਿਨ ਨੂੰ ਵਰਤ, ਵਿਸ਼ੇਸ਼ ਪ੍ਰਾਰਥਨਾਵਾਂ ਅਤੇ ਮੰਦਰਾਂ ਵਿੱਚ ਰਾਤ ਭਰ ਪੂਜਾ ਕਰਕੇ ਮਨਾਇਆ ਜਾਂਦਾ ਏ । ਹਜ਼ਾਰਾਂ ਸ਼ਰਧਾਲੂ ਸ਼ਾਂਤੀ ਅਤੇ ਖੁਸ਼ਹਾਲੀ ਲਈ ਅਸ਼ੀਰਵਾਦ ਲੈਣ ਵਾਸਤੇ ਤੀਰਥ ਸਥਾਨਾਂ 'ਤੇ ਇਸ਼ਨਾਨ ਕਰਦੇ ਨੇ । ਓਧਰ ਗੁਰਦਾਸਪੁਰ ਦੇ ਕਲਾਨੌਰ ਵਿਖੇ ਇਤਿਹਾਸਿਕ ਸ਼ਿਵ ਮੰਦਿਰ ਵਿਚ ਵੀ ਸਵੇਰ ਤੋਂ ਹੀ ਸ਼ਰਧਾਲੂਆਂ ਦੀਆਂ ਲੰਬੀਆਂ ਕਤਾਰਾਂ ਲਗੀਆਂ ਹੋਈਆਂ ਨੇ । ਇਸ ਮੌਕੇ ਸ਼ਰਧਾਲੂਆਂ ਨੇ ਕਿਹਾ ।

BYTE

ਓਧਰ ਖਰੜ ਦੇ ਪ੍ਰਾਚੀਨ ਚੰਦਰ ਮੋਲਿਸ਼ਵਰ ਸ਼ਿਵ ਮੰਦਰ ਸਮੇਤ ਮੁਹਾਲੀ ਜਿਲ੍ਹੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ 'ਚ ਲੋਕ ਸਵੇਰ ਤੋਂ ਹੀ ਮੰਦਰਾਂ ਚ ਨਤਮਸਤਕ ਹੋ ਰਹੇ ਨੇ ।

------------------------------------------------------------------------
ਰਾਸ਼ਟਰਪਤੀ, ਉਪ ਰਾਸ਼ਟਰਪਤੀ, ਪ੍ਰਧਾਨ ਮੰਤਰੀ - ਮਹਾਸ਼ਿਵਰਾਤਰੀ

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਮਹਾਸ਼ਿਵਰਾਤਰੀ ਦੇ ਸ਼ੁਭ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ ।

ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਪ੍ਰਾਰਥਨਾ ਕੀਤੀ ਕਿ ਭਗਵਾਨ ਸ਼ਿਵ ਦਾ ਆਸ਼ੀਰਵਾਦ ਸਾਰੇ ਨਾਗਰਿਕਾਂ 'ਤੇ ਬਣਿਆ ਰਹੇ ਅਤੇ ਭਾਰਤ ਤਰੱਕੀ ਦੇ ਰਾਹ 'ਤੇ ਅੱਗੇ ਵਧਦਾ ਰਹੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਕਾਸ਼ੀ ਤੋਂ ਰਾਮੇਸ਼ਵਰਮ ਤੱਕ, ਇਸ ਪਵਿੱਤਰ ਤਿਉਹਾਰ ਨੂੰ ਦੇਸ਼ ਦੀ ਸਦੀਵੀ ਅਤੇ ਅਟੁੱਟ ਅਧਿਆਤਮਿਕ ਰਿਵਾਇਤ ਦਾ ਜੀਵਤ ਪ੍ਰਤੀਕ ਮੰਨਿਆ ਜਾਂਦਾ ਏ । ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਮਹਾਦੇਵ ਅਤੇ ਮਾਤਾ ਪਾਰਵਤੀ ਦੇ ਆਸ਼ੀਰਵਾਦ ਨਾਲ ਨਾਗਰਿਕਾਂ ਦੇ ਜੀਵਨ ਵਿੱਚ ਖੁਸ਼ਹਾਲੀ ਆਉਂਦੀ ਏ ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰਾਰਥਨਾ ਕੀਤੀ ਕਿ ਭਗਵਾਨ ਸ਼ਿਵ ਦਾ ਆਸ਼ੀਰਵਾਦ ਲੋਕਾਂ 'ਤੇ ਰਹੇ ਅਤੇ ਦੇਸ਼ ਖੁਸ਼ਹਾਲੀ ਦੀਆਂ ਨਵੀਆਂ ਉਚਾਈਆਂ 'ਤੇ ਪਹੁੰਚੇ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਾਮਨਾ ਕੀਤੀ ਕਿ ਭਗਵਾਨ ਸ਼ਿਵ ਦੇ ਆਸ਼ੀਰਵਾਦ ਸਾਰੇ ਨਾਗਰਿਕਾਂ ਲਈ ਖੁਸ਼ੀ, ਸ਼ਾਂਤੀ ਅਤੇ ਖੁਸ਼ਹਾਲੀ ਲਿਆਉਣ।

---------------------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਧਰਮ ਨਿਰਪੱਖਤਾ ਅਤੇ ਸਮਾਜ ਦੇ ਹਰ ਵਰਗ ਦੇ ਲੋਕਾਂ ਦੀ ਬਰਾਬਰੀ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਂਦਾ ਏ । ਕੱਲ ਜਲੰਧਰ ਸਥਿਤ ਡਾ. ਅੰਬੇਡਕਰ ਭਵਨ

ਵਿਖੇ ‘ਸੰਵਿਧਾਨ ’ਤੇ ਚਰਚਾ’ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਅਣਥਕ ਕੰਮ ਕਰਨ ਵਾਲੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਵੱਲੋਂ ਤਿਆਰ ਕੀਤਾ ਗਿਆ ਸੰਵਿਧਾਨ ਸਾਰੇ ਵਰਗਾਂ ਨੂੰ ਬਰਾਬਰ ਸੁਰੱਖਿਆ ਪ੍ਰਦਾਨ ਕਰਦਾ ਏ । ਉਨ੍ਹਾਂ ਕਿਹਾ ਕਿ ਸੰਵਿਧਾਨ ਰਾਹੀਂ ਦਿੱਤੇ ਗਏ ਮੌਲਿਕ ਅਧਿਕਾਰ ਜਾਤੀ, ਧਰਮ, ਨਸਲ, ਜਨਮ ਸਥਾਨ ਅਤੇ ਲਿੰਗ ਦੇ ਵਿਤਕਰੇ ਨੂੰ ਖ਼ਤਮ ਕਰਦੇ ਨੇ । ਉਨ੍ਹਾਂ ਕਿਹਾ ਕਿ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੀ ਇਸੇ ਮੁਤਾਬਿਕ ਕੰਮ ਕਰ ਰਿਹਾ ਏ । ਸ਼੍ਰੀ ਗੜ੍ਹੀ ਨੇ ਇਸ ਮੌਕੇ ਲੋਕਾਂ ਨੂੰ ਸੰਵਿਧਾਨ ਬਾਰੇ ਜਾਗਰੂਕ ਕਰਦਿਆਂ ਸੰਵਿਧਾਨ ਵਿੱਚ ਦਰਜ ਉਨ੍ਹਾਂ ਦੇ ਹੱਕਾਂ ਅਤੇ ਫਰਜ਼ਾਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਲੋਕਾਂ ਨੂੰ ਊਚ-ਨੀਚ ਤੋਂ ਉੱਪਰ ਉੱਠ ਕੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਵਿਚਾਰਾਂ ਨੂੰ ਅਪਨਾਉਣ ਦਾ ਸੱਦਾ ਵੀ ਦਿੱਤਾ।

ਚੇਅਰਮੈਨ ਨੇ ਇਸ ਮੌਕੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਗਈਆਂ। ਉਨ੍ਹਾਂ ਕਿਹਾ ਕਿ ਜਲਦ ਹੀ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਜਾਵੇਗਾ।

---------------------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ‘ਸਾਡੇ ਬਜ਼ੁਰਗ ਸਾਡਾ ਮਾਣ’ ਮੁਹਿੰਮ ਦੀ ਸ਼ੁਰੂਆਤ 16 ਫਰਵਰੀ ਨੂੰ ਰੈੱਡ ਕਰਾਸ ਭਵਨ ਵਿਖੇ ਜ਼ਿਲ੍ਹਾ ਪੱਧਰੀ ਸਿਹਤ ਤੇ ਜਾਗਰੂਕਤਾ ਕੈਂਪ ਨਾਲ ਕੀਤੀ ਜਾਵੇਗੀ । ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਕੈਂਪ ਵਿੱਚ ਬਜ਼ੁਰਗਾਂ ਦੀ ਸਿਹਤ ਜਾਂਚ ਤੋਂ ਇਲਾਵਾ ਅੱਖਾਂ ਦੀ ਸਕਰੀਨਿੰਗ ਕੀਤੀ ਜਾਵੇਗੀ। ਬਜ਼ੁਰਗਾਂ ਨਾਲ ਸਿਹਤ ਸੰਭਾਲ ਸਬੰਧੀ ਜਾਣਕਾਰੀ ਸਾਂਝੀ ਕਰਨ ਦੇ ਨਾਲ-ਨਾਲ ਕੈਂਪ ਦੌਰਾਨ ਬਜ਼ੁਰਗਾਂ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਵੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕਾਨੂੰਨੀ ਜਾਗਰੂਕਤਾ ਅਤੇ ਬੈਂਕਾਂ ਵੱਲੋਂ ਬਜ਼ਰਗਾਂ ਨੂੰ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ 16 ਮਾਰਚ ਤੱਕ ਜ਼ਿਲ੍ਹੇ ਵਿੱਚ ਵੱਖ-ਵੱਖ ਥਾਈਂ ਵਿਸ਼ੇਸ਼ ਕੈਂਪ ਲਗਾਏ ਜਾਣਗੇ, ਜਿਨ੍ਹਾਂ ਵਿੱਚ ਸਿਹਤ ਜਾਂਚ ਤੋਂ ਇਲਾਵਾ ਬਜ਼ੁਰਗਾਂ ਦੀ ਬਿਹਤਰੀ ਲਈ ਹੋਰ ਗਤੀਵਿਧੀਆਂ ਵੀ ਕਰਵਾਈਆਂ ਜਾਣਗੀਆਂ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਆਪਣੇ ਘਰਾਂ ਅਤੇ ਆਂਢ-ਗੁਆਂਢ ਵਿੱਚ ਰਹਿੰਦੇ ਬਜ਼ੁਰਗਾਂ ਨੂੰ ਇਸ ਮੁਹਿੰਮ ਤਹਿਤ ਲਗਾਏ ਜਾ ਰਹੇ ਸਿਹਤ ਅਤੇ ਜਾਗਰੂਕਤਾ ਕੈਂਪਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਲੈ ਕੇ ਆਉਣ ਦੀ ਅਪੀਲ ਕੀਤੀ ਤਾਂ ਜੋ ਉਹ

ਇਨ੍ਹਾਂ ਸਹੂਲਤਾਂ ਦਾ ਪੂਰਾ ਲਾਭ ਲੈ ਸਕਣ ਅਤੇ ਸਿਹਤਮੰਦ ਤੇ ਸੁਰਖਿੱਅਤ ਜੀਵਨ ਬਤੀਤ ਕਰ ਸਕਣ।

---

ਮਰਦਾਂ ਦੇ ICC Twenty-twenty ਕ੍ਰਿਕਟ ਵਿਸ਼ਵ ਕੱਪ ਦੇ ਇੱਕ ਰੋਮਾਂਚਕ ਮੁਕਾਬਲੇ ਵਿੱਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ । ਇਹ ਮੈਚ ਕੋਲੰਬੋ ਦੇ ਆਰ ਪ੍ਰੇਮਦਾਸਾ ਸਟੇਡੀਅਮ ਵਿੱਚ ਭਾਰਤੀ ਸਮੇਂ ਮੁਤਾਬਕ ਸ਼ਾਮੀਂ 7 ਵਜੇ ਸ਼ੁਰੂ ਹੋਵੇਗਾ। ਦੋਵੇਂ ਟੀਮਾਂ ਦੋ-ਦੋ ਮੈਚ ਖੇਡਣ ਤੋਂ ਬਾਅਦ, 4-4 ਅੰਕਾਂ 'ਤੇ ਨੇ। ਇਕ ਹੋਰ ਮੈਚ ਵਿੱਚ, ਅਮਰੀਕਾ ਦਾ ਮੁਕਾਬਲਾ ਨਾਮੀਬੀਆ ਨਾਲ ਦੁਪਹਿਰ ਬਾਅਦ 3 ਵਜੇ ਚੇਨਈ ਦੇ ਐਮ.ਏ. ਚਿਦੰਬਰਮ ਸਟੇਡੀਅਮ ਵਿੱਚ ਹੋਵੇਗਾ।

---

ਮਹਿਲਾ ਕ੍ਰਿਕਟ ਵਿੱਚ, ਭਾਰਤੀ ਟੀਮ ਅੱਜ ਸਿਡਨੀ ਵਿੱਚ, ਆਸਟ੍ਰੇਲੀਆ ਖਿਲਾਫ ਤਿੰਨ Twenty-twenty ਅੰਤਰਰਾਸ਼ਟਰੀ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਖੇਡੇਗੀ । ਇਹ ਮੈਚ ਭਾਰਤੀ ਸਮੇਂ ਮੁਤਾਬਿਕ ਦੁਪਹਿਰ ਬਾਅਦ 1 ਵੱਜ ਕੇ 45 ਮਿੰਟ 'ਤੇ ਸ਼ੁਰੂ ਹੋਵੇਗਾ । ਭਾਰਤੀ ਟੀਮ ਦੀ ਕਪਤਾਨੀ, ਹਰਮਨਪ੍ਰੀਤ ਕੌਰ ਕਰੇਗੀ।

---